ਧਨਾਸਰੀ ਮਃ ੫ ॥ ਜਨ ਕੀ ਕੀਨੀ ਪਾਰਬ੍ਰਹਮਿ ਸਾਰ ॥ ਨਿੰਦਕ ਟਿਕਨੁ ਨ ਪਾਵਨਿ ਮੂਲੇ ਊਡਿ ਗਏ ਬੇਕਾਰ ॥੧॥ ਰਹਾਉ ॥ ਜਹ ਜਹ ਦੇਖਉ ਤਹ ਤਹ ਸੁਆਮੀ ਕੋਇ ਨ ਪਹੁਚਨਹਾਰ ॥ ਜੋ ਜੋ ਕਰੈ ਅਵਗਿਆ ਜਨ ਕੀ ਹੋਇ ਗਇਆ ਤਤ ਛਾਰ ॥ ੧॥ ਕਰਨਹਾਰੁ ਰਖਵਾਲਾ ਹੋਆ ਜਾ ਕਾ ਅੰਤੁ ਨ ਪਾਰਾਵਾਰ ॥ ਨਾਨਕ ਦਾਸ ਰਖੇ ਪ੍ਰਭਿ ਅਪੁਨੈ ਨਿੰਦਕ ਕਾਢੇ ਮਾਰਿ ॥੨॥੨੧॥੫੨॥ {ਪੰਨਾ 683}

ਪਦਅਰਥ:- ਪਾਰਬ੍ਰਹਮਿ—ਪਾਰਬ੍ਰਹਮ ਨੇ। ਸਾਰ—ਸੰਭਾਲ। ਟਿਕਨੁ ਨ ਪਾਵਨਿ—(ਸੇਵਕ ਦੇ ਟਾਕਰੇ ਤੇ) ਟਿਕਾਉ ਹਾਸਲ ਨਹੀਂ ਕਰ ਸਕਦੇ, ਅੜ ਨਹੀਂ ਸਕਦੇ। ਮੂਲੇ—ਉੱਕਾ ਹੀ। ਬੇਕਾਰ—ਨਕਾਰਾ (ਹੋ ਕੇ)।1। ਰਹਾਉ।

ਜਹ ਜਹ—ਜਿੱਥੇ ਜਿੱਥੇ। ਦੇਖਉ—ਦੇਖਉਂ, ਮੈਂ ਵੇਖਦਾ ਹਾਂ। ਪਹੁਚਨਹਾਰ—ਬਰਾਬਰੀ ਕਰ ਸਕਣ ਜੋਗਾ। ਜੋ ਜੋ—ਜੇਹੜਾ ਜੇਹੜਾ ਮਨੁੱਖ। ਅਵਗਿਆ—ਨਿਰਾਦਰੀ। ਤਤ—ਤੁਰਤ। ਛਾਰ—ਸੁਆਹ।1।

ਜਾ ਕਾ—ਜਿਸ (ਕਰਨਹਾਰ ਪ੍ਰਭੂ) ਦਾ। ਪ੍ਰਭਿ—ਪ੍ਰਭੂ ਨੇ। ਮਾਰਿ—ਮਾਰ ਕੇ, ਆਤਮਕ ਮੌਤੇ ਮਾਰ ਕੇ।2।

ਅਰਥ:- ਹੇ ਭਾਈ! ਪਰਮਾਤਮਾ ਨੇ (ਸਦਾ ਹੀ) ਆਪਣੇ ਸੇਵਕਾਂ ਦੀ ਸੰਭਾਲ ਕੀਤੀ ਹੈ। (ਉਹਨਾਂ ਦੀ) ਨਿੰਦਾ ਕਰਨ ਵਾਲੇ ਉਹਨਾਂ ਦੇ ਟਾਕਰੇ ਤੇ ਉੱਕਾ ਹੀ ਅੜ ਨਹੀਂ ਸਕਦੇ। (ਜਿਵੇਂ ਹਵਾ ਦੇ ਅੱਗੇ ਬੱਦਲ ਉੱਡ ਜਾਂਦੇ ਹਨ ਤਿਵੇਂ ਉਹ ਨਿੰਦਕ ਸੇਵਕਾਂ ਦੇ ਟਾਕਰੇ ਤੇ ਸਦਾ) ਨਕਾਰੇ ਹੋ ਕੇ ਉੱਡ ਗਏ।1। ਰਹਾਉ।

ਹੇ ਭਾਈ! ਜਿਸ ਪਰਮਾਤਮਾ ਦੀ ਕੋਈ ਭੀ ਬਰਾਬਰੀ ਨਹੀਂ ਕਰ ਸਕਦਾ, ਮੈਂ ਜਿੱਥੇ ਜਿੱਥੇ ਵੇਖਦਾ ਹਾਂ ਉੱਥੇ ਹੀ ਉਹ ਮਾਲਕ-ਪ੍ਰਭੂ ਵੱਸਦਾ ਹੈ, ਉਸ ਦੇ ਸੇਵਕ ਦੀ ਜੇਹੜਾ ਭੀ ਕੋਈ ਮਨੁੱਖ ਨਿਰਾਦਰੀ ਕਰਦਾ ਹੈ, (ਉਹ ਆਤਮਕ ਜੀਵਨ ਵਿਚ) ਤੁਰਤ ਸੁਆਹ ਹੋ ਜਾਂਦਾ ਹੈ।1।

ਹੇ ਭਾਈ! ਜਿਸ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਜਿਸ ਦੀ ਹਸਤੀ ਦਾ ਪਾਰਲਾ ਉਰਲਾ ਬੰਨਾ ਨਹੀਂ ਲੱਭ ਸਕਦਾ ਹੈ, ਉਹ ਸਭ ਨੂੰ ਪੈਦਾ ਕਰਨ ਵਾਲਾ ਪਰਮਾਤਮਾ (ਆਪਣੇ ਸੇਵਕਾਂ ਦਾ ਸਦਾ) ਰਾਖਾ ਰਹਿੰਦਾ ਹੈ। ਹੇ ਨਾਨਕ! ਪ੍ਰਭੂ ਨੇ ਆਪਣੇ ਸੇਵਕਾਂ ਦੀ ਸਦਾ ਰਾਖੀ ਕੀਤੀ ਹੈ, ਤੇ; ਉਹਨਾਂ ਦੀ ਨਿੰਦਾ ਕਰਨ ਵਾਲਿਆਂ ਨੂੰ ਆਤਮਕ ਮੌਤੇ ਮਾਰ ਕੇ (ਆਪਣੇ ਦਰ ਤੋਂ) ਕੱਢ ਦਿੱਤਾ ਹੈ।2। 21। 52।